# ਦਫਤਰ ਨਗਰ ਕੌਂਸਲ, ਜ਼ੀਰਕਪੁਰ (ਜਿਲ੍ਹਾ- ਐਸ.ਏ.ਐਸ. ਨਗਰ ਮੋਹਾਲੀ)

## ਪਬਲਿਕ ਨੋਟਿਸ

ਨਗਰ ਕੌਂਸਲ ਜ਼ੀਰਕਪੁਰ ਵੱਲੋਂ ਸਰਕਾਰ ਵਲੋਂ ਸਮੇਂ-ਸਮੇਂ ਨਿਰਧਾਰਿਤ ਰੈਗੂਲਰ ਤਨਖਾਹ ਸਕੇਲ ਦੀਆਂ ਅਸਾਮੀਆਂ ਵਿਰੁੱਧ ਡਿਪਟੀ ਕਮਿਸ਼ਨਰ ਵੱਲੋਂ ਸਮੇਂ-2 ਨਿਰਧਾਰਿਤ ਲੇਬਰ ਰੇਟਾਂ ਦੀ ਅਦਾਇਗੀ ਤੇ ਠੇਕਾ ਆਧਾਰ ਤੇ 338 ਸਫਾਈ ਸੇਵਕਾਂ, 12 ਸੀਵਰਮੈਨਾਂ ਅਤੇ 6 ਦਫਤਰੀ ਸਫਾਈ ਸੇਵਕਾਂ ਦੀ ਨਿਯੁਕਤੀ ਕੀਤੀ ਜਾਣੀ ਹੈ। ਇਸ ਲਈ ਪੰਜਾਬ ਦੇ ਵਸਨੀਕ ਚਾਹਵਾਨ ਉਮੀਦਵਾਰਾਂ ਤੋਂ ਮਿਤੀ :31/08/2021 ਤੱਕ ਹੇਠ ਲਿਖੇ ਪ੍ਰਫੋਰਮੇ ਵਿਚ ਬਿਨੈ ਪੱਤਰਾਂ (ਸਮੇਤ ਦਸਤਾਵੇਜਾਂ ਦੀਆਂ ਕਾਪੀਆਂ) ਦੀ ਮੰਗ ਕੀਤੀ ਜਾਂਦੀ ਹੈ। ਚਾਹਵਾਨ ਉਮੀਦਵਾਰ ਮਿਤੀ:31/08/2021 ਤੱਕ ਰਜਿਸਟਰਡ ਡਾਕ ਰਾਹੀਂ ਜਾਂ ਦਸਤੀ ਤੌਰ ਤੇ ਬਿਨੈ ਪੱਤਰ (ਸਮੇਤ ਦਸਤਾਵੇਜਾਂ ਦੀਆਂ ਕਾਪੀਆਂ) ਦਫਤਰ ਨਗਰ ਕੌਂਸਲ, ਜ਼ੀਰਕਪੁਰ ਵਿਖੇ ਜਮ੍ਹਾ ਕਰਵਾ ਸਕਦੇ ਹਨ। ਨਿਰਧਾਰਿਤ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਬਿਨੈ ਪੱਤਰਾਂ ਤੇ ਗੌਰ ਨਹੀਂ ਕੀਤਾ ਜਾਵੇਗਾ। ਚਾਹਵਾਨ ਉਮੀਦਵਾਰ ਵਲੋਂ ਬਿਨੈ ਪੱਤਰ ਵਿਚ ਦਰਜ ਦਸਤਾਵੇਜਾਂ ਦੀਆਂ ਸਵੈ ਤਸਦੀਕ ਕਾਪੀਆਂ ਨਾਲ ਨੱਥੀ ਕੀਤੀਆਂ ਜਾਣ। ਇਸ ਤੋਂ ਇਲਾਵਾ ਚਾਹਵਾਨ ਉਮੀਦਵਾਰ ਵਿਰੁੱਧ ਕੋਈ ਵੀ ਫੌਜਦਾਰੀ ਕੇਸ ਨਾਂ ਚੱਲ ਰਹੇ ਸਬੰਧੀ ਸਵੈ-ਘੋਸ਼ਣਾ ਵੀ ਨਾਲ ਨੱਥੀ ਕੀਤੀ ਜਾਵੇ।

ਚਾਹਵਾਨ ਉਮੀਦਵਾਰ ਦੀ ਉਮਰ ਮਿਤੀ: 01/01/2021 ਨੂੰ 18 ਸਾਲ ਤੋਂ 37 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਇਨ੍ਹਾ ਨਿਯੁਕਤੀਆਂ ਵਿਚ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਰਿਜ਼ਰਵੇਸ਼ਨ ਪਾਲਿਸੀ ਲਾਗੂ ਕੀਤੀ ਜਾਵੇਗੀ ਅਤੇ ਉਮਰ ਵਿਚ ਬਣਦੀ ਛੋਟ ਦਿੱਤੀ ਜਾਵੇਗੀ। ਸਫਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਦੀ ਭਰਤੀ ਪੰਜਾਬ ਮਿਉਂਸਪਲ ਸਫਾਈ ਕਰਮਚਾਰੀ ਸੇਵਾ ਨਿਯਮ 1984 ਅਧੀਨ ਕੀਤੀ ਜਾਣੀ ਹੈ। ਸਰਕਾਰ ਦੀ ਹਦਾਇਤ ਅਨੁਸਾਰ ਸਫਾਈ ਸੇਵਕਾਂ ਅਤੇ ਸੀਵਰਮੈਨਾਂ ਦੀਆਂ ਨਿਯੁਕਤੀਆਂ ਲਈ ਸਰਕਾਰਾਂ ਵਿਭਾਗ ਵਿਚ ਘੱਟ ਤੋਂ ਘੱਟ 3 ਸਾਲ ਦੇ ਤਜਰਬੇ ਵਾਲੇ ਨੂੰ ਪਹਿਲ ਦਿੱਤੀ ਜਾਵੇਗੀ ਅਤੇ ਨਿਯੁਕਤੀ ਲਈ ਘੱਟੋ ਘੱਟ ਉਮਰ ਵਿਚ, ਉਮੀਦਵਾਰ ਦੇ ਤਜਰਬੇ ਦੇ ਬਰਾਬਰ, ਛੋਟ ਦਿੱਤੀ ਜਾਵੇਗੀ। ਉਮੀਦਵਾਰ ਫਿਜੀਕਲੀ ਫਿੱਟ ਹੋਣਾ ਚਾਹੀਦਾ ਹੈ।

ਨਗਰ ਕੌਂਸਲ, ਜ਼ੀਰਕਪੁਰ ਵਲੋਂ ਨਿਯੁਕਤ ਕੀਤੇ ਜਾ ਰਹੇ ਸਫਾਈ ਸੇਵਕ/ਸੀਵਰਮੈਨ ਤੋਂ ਸਫਾਈ ਦੇ ਕੰਮ, ਨਾਲੇ ਨਾਲੀਆਂ ਦੀ ਸਫਾਈ,ਕੂੜਾ ਲਿਫਟਿੰਗ,ਸੋਲਿਡ ਵੇਸਟ ਦੇਖਭਾਲ ਦੇ ਕੰਮ ਅਤੇ ਮਾਲੀ/ਬੇਲਦਾਰ/ਕੁਲੀ ਦੀ ਕੰਮ ਲਿਆ ਜਾ ਸਕਦਾ ਹੈ।

### ਸਫਾਈ ਸੇਵਕ/ਸੀਵਰਮੈਨ ਦੀ ਅਸਾਮੀਲਈ ਬਿਨੈ ਪੱਤਰ

ਸਵੈ ਤਸਦੀਕ 2 ਫੋਟੋਆਂ ਨੱਥੀ ਕੀਤੀਆਂ ਜਾਣ।

ਅਸਾਮੀ ਦਾ ਨਾਮ:

| | | | | | | |
|---|---|---|---|---|---|---|
| 1. | ਉਮੀਦਵਾਰ ਦਾ ਨਾਮ | | | | | |
| 2. | ਪਿਤਾ/ਪਤੀ ਦਾ ਨਾਮ | | | | | |
| 3. | ਜਨਮ ਮਿਤੀ (ਸਬੂਤ ਨਾਲ ਨੱਥੀ) | | | | | |
| 4. | ਉਮਰ | | | | | |
| 5. | ਜਨਮ ਦਾ ਸਥਾਨ (ਜਿਲ੍ਹਾ ਅਤੇ ਰਾਜ) | | | | | |
| 6. | ਘਰ ਦਾ ਪੱਕਾ ਪਤਾ | | | | | |
| 7. | ਪੱਤਰ ਵਿਹਾਰ ਲਈ ਪਤਾ | | | | | |
| 8. | ਟੈਲੀਫੋਨ ਨੰਬਰ/ਮੋਬਾਇਲ ਨੰਬਰ | | | | | |
| 9. | ਕੈਟਾਗਰੀ | | | | | |
| 10. | ਕੌਮੀਅਤ(Nationality) | | | | | |
| 11. | ਵਿਦਿਅਕ ਯੋਗਤਾ | | | | | |
| | ਪਾਸ ਪ੍ਰੀਖਿਆ ਦਾ ਨਾਮ | ਬੋਰਡ/ਯੂਨੀਵਰਸਿਟੀ | ਪ੍ਰੀਖਿਆ ਪਾਸ ਕਰਨ ਦਾ ਸਾਲ | ਕੁੱਲ ਅੰਕ | ਪਾਪਤ ਕੀਤੇ ਅੰਕ | ਪ੍ਰਾਪਤ ਕੀਤੇ ਅੰਕਾਂ ਦੀ ਪ੍ਰਤੀਸ਼ਤ(%) |
| | | | | | | |

12. ਕੀ ਪੰਜਾਬੀ ਪੜ੍ਹ ਲਿਖ ਸਕਦਾ ਹੈ? ਹਾਂ ਜਾਂ ਨਹੀਂ ( )

13.ੳ) ਤਜਰਬਾ (ਕਦੋਂ ਤੋਂ ਕਦੋਂ ਤੱਕ) ਸੰਸਥਾ ਦਾ ਨਾਂ:

(ਨੋਟ : ਤਜਰਬਾ ਕਮਿਸ਼ਨਰ/ਕਾਰਜ ਸਾਧਕ ਅਫਸਰ/ਸੰਸਥਾ ਦੇ ਮੁਖੀ ਵੱਲੋਂ ਰਿਕਾਰਡ ਦੇ ਅਧਾਰ ਤੇ ਵੈਰੀਫਾਈ ਕੀਤਾ ਜਾਵੇਗਾ)

ਅ) ਈ.ਪੀ.ਐਫ ਨੰਬਰ (ਜੇਕਰ ਹੈ ਤਾਂ)

ੲ) ਸੈਲਰੀ ਅਕਾਊਂਟ ਨੰਬਰ (ਬੈਂਕ ਡਿਟੇਲ)

### ਸਵੈ ਘੋਸ਼ਣਾ

ਮੈਂ ਪੁੱਤਰ/ਪੁੱਤਰੀ ਸ੍ਰੀ ਉਮਰ ਘੋਸ਼ਣਾ ਕਰਦਾ/ਕਰਦੀ ਹਾਂ ਕਿ ਮੈ ਪੰਜਾਬ ਦਾ ਪੱਕਾ ਵਸਨੀਕ ਅਤੇ ਮੇਰੇ ਖਿਲਾਫ ਕੋਈ ਵੀ ਫੋਜਦਾਰੀ ਕੇਸ ਨਹੀਂ ਚੱਲ ਰਿਹਾ। ਮੇਰੀ ਜਾਣਕਾਰੀ ਅਨੁਸਾਰ ਉਕਤ ਸੂਚਨਾਂ ਅਤੇ ਨੱਥੀ ਦਸਤਾਵੇਜ਼ ਠੀਕ ਅਤੇ ਸਹੀ ਹਨ। ਇਨ੍ਹਾ ਵਿੱਚ ਮੈਂ ਕੋਈ ਤੱਥ ਲੁਕਾਇਆ ਨਹੀਂ ਹੈ। ਜੇਕਰ ਮੇਰੇ ਵੱਲੋਂ ਦਿੱਤੀ ਗਈ ਸੂਚਨਾਂ ਕਿਸੇ ਸਮੇਂ ਵੀ ਗਲਤ ਪਾਈ ਗਈ ਤਾਂ ਸਮਰੱਥ ਅਥਾਰਟੀ ਨੂੰ ਮੇਰੇ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕਰਨ ਦੀ ਖੁੱਲ੍ਹ ਹੋਵੇਗੀ।

ਮਿਤੀ :

ਸਥਾਨ:

ਨੱਥੀ ਦਸਤਾਵੇਜ਼ ਉਕਤ ਅਨੁਸਾਰ

ਉਮੀਦਵਾਰ ਦੇ ਹਸਤਾਖਰ

ਪ੍ਰਧਾਨ,-ਸਿਲੈਕਸ਼ਨ ਕਮੇਟੀ-ਕਮ-
ਪ੍ਰਧਾਨ,
ਨਗਰ ਕੌਂਸਲ ਜ਼ੀਰਕਪੁਰ।

ਮੈਂਬਰ ਸਕੱਤਰ, ਸਿਲੈਕਸ਼ਨ ਕਮੇਟੀ-ਕਮ
ਕਾਰਜ ਸਾਧਕ ਅਫਸਰ,
ਨਗਰ ਕੌਂਸਲ ਜ਼ੀਰਕਪੁਰ।